ਮਾਝ ਮਹਲਾ ੩ ॥ ਅੰਮ੍ਰਿਤੁ ਵਰਸੈ ਸਹਜਿ ਸੁਭਾਏ ॥ ਗੁਰਮੁਖਿ ਵਿਰਲਾ ਕੋਈ ਜਨੁ ਪਾਏ ॥ ਅੰਮ੍ਰਿਤੁ ਪੀ ਸਦਾ ਤ੍ਰਿਪਤਾਸੇ ਕਰਿ ਕਿਰਪਾ ਤ੍ਰਿਸਨਾ ਬੁਝਾਵਣਿਆ ॥ ੧॥ ਹਉ ਵਾਰੀ ਜੀਉ ਵਾਰੀ ਗੁਰਮੁਖਿ ਅੰਮ੍ਰਿਤੁ ਪੀਆਵਣਿਆ ॥ ਰਸਨਾ ਰਸੁ ਚਾਖਿ ਸਦਾ ਰਹੈ ਰੰਗਿ ਰਾਤੀ ਸਹਜੇ ਹਰਿ ਗੁਣ ਗਾਵਣਿਆ ॥੧॥ ਰਹਾਉ ॥ ਗੁਰ ਪਰਸਾਦੀ ਸਹਜੁ ਕੋ ਪਾਏ ॥ ਦੁਬਿਧਾ ਮਾਰੇ ਇਕਸੁ ਸਿਉ ਲਿਵ ਲਾਏ ॥ ਨਦਰਿ ਕਰੇ ਤਾ ਹਰਿ ਗੁਣ ਗਾਵੈ ਨਦਰੀ ਸਚਿ ਸਮਾਵਣਿਆ ॥੨॥ ਸਭਨਾ ਉਪਰਿ ਨਦਰਿ ਪ੍ਰਭ ਤੇਰੀ ॥ ਕਿਸੈ ਥੋੜੀ ਕਿਸੈ ਹੈ ਘਣੇਰੀ ॥ ਤੁਝ ਤੇ ਬਾਹਰਿ ਕਿਛੁ ਨ ਹੋਵੈ ਗੁਰਮੁਖਿ ਸੋਝੀ ਪਾਵਣਿਆ ॥ ੩॥ ਗੁਰਮੁਖਿ ਤਤੁ ਹੈ ਬੀਚਾਰਾ ॥ ਅੰਮ੍ਰਿਤਿ ਭਰੇ ਤੇਰੇ ਭੰਡਾਰਾ ॥ ਬਿਨੁ ਸਤਿਗੁਰ ਸੇਵੇ ਕੋਈ ਨ ਪਾਵੈ ਗੁਰ ਕਿਰਪਾ ਤੇ ਪਾਵਣਿਆ ॥੪॥ ਸਤਿਗੁਰੁ ਸੇਵੈ ਸੋ ਜਨੁ ਸੋਹੈ ॥ ਅੰਮ੍ਰਿਤ ਨਾਮਿ ਅੰਤਰੁ ਮਨੁ ਮੋਹੈ ॥ ਅੰਮ੍ਰਿਤਿ ਮਨੁ ਤਨੁ ਬਾਣੀ ਰਤਾ ਅੰਮ੍ਰਿਤੁ ਸਹਜਿ ਸੁਣਾਵਣਿਆ ॥ ੫॥ ਮਨਮੁਖੁ ਭੂਲਾ ਦੂਜੈ ਭਾਇ ਖੁਆਏ ॥ ਨਾਮੁ ਨ ਲੇਵੈ ਮਰੈ ਬਿਖੁ ਖਾਏ ॥ ਅਨਦਿਨੁ ਸਦਾ ਵਿਸਟਾ ਮਹਿ ਵਾਸਾ ਬਿਨੁ ਸੇਵਾ ਜਨਮੁ ਗਵਾਵਣਿਆ ॥੬॥ ਅੰਮ੍ਰਿਤੁ ਪੀਵੈ ਜਿਸ ਨੋ ਆਪਿ ਪੀਆਏ ॥ ਗੁਰ ਪਰਸਾਦੀ ਸਹਜਿ ਲਿਵ ਲਾਏ ॥ ਪੂਰਨ ਪੂਰਿ ਰਹਿਆ ਸਭ ਆਪੇ ਗੁਰਮਤਿ ਨਦਰੀ ਆਵਣਿਆ ॥੭॥ ਆਪੇ ਆਪਿ ਨਿਰੰਜਨੁ ਸੋਈ ॥ ਜਿਨਿ ਸਿਰਜੀ ਤਿਨਿ ਆਪੇ ਗੋਈ ॥ ਨਾਨਕ ਨਾਮੁ ਸਮਾਲਿ ਸਦਾ ਤੂੰ ਸਹਜੇ ਸਚਿ ਸਮਾਵਣਿਆ ॥੮॥੧੬॥੧੭॥ {ਪੰਨਾ 119}

ਪਦਅਰਥ:- ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ। ਸਹਜਿ—ਆਤਮਕ ਅਡੋਲਤਾ ਵਿਚ। ਸੁਭਾਏ—ਸੁਭਾਇ, ਉੱਚੇ ਪ੍ਰੇਮ ਵਿਚ। ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ। ਤ੍ਰਿਪਤਾਸੇ—ਰੱਜ ਜਾਂਦਾ ਹੈ। ਤ੍ਰਿਸਨਾ—ਤ੍ਰੇਹ।1।

ਰਸਨਾ—ਜੀਭ। ਚਾਖਿ—ਚੱਖ ਕੇ। ਰੰਗਿ—ਪ੍ਰੇਮ ਰੰਗ ਵਿਚ। ਸਹਜੇ—ਆਤਮਕ ਅਡੋਲਤਾ ਵਿਚ।1। ਰਹਾਉ।

ਕੋ—ਕੋਈ ਵਿਰਲਾ। ਸਹਜੁ—ਆਤਮਕ ਅਡੋਲਤਾ। ਦੁਬਿਧਾ—ਦੁ-ਕਿਸਮਾ ਪਨ, ਦੁਚਿੱਤਾ ਪਨ। ਇਕਸੁ ਸਿਉ—ਸਿਰਫ਼ ਇਕ ਨਾਲ। ਲਿਵ—ਲਗਨ। ਨਦਰਿ—ਮਿਹਰ ਦੀ ਨਜ਼ਰ। ਸਚਿ—ਸਦਾ-ਥਿਰ ਪ੍ਰਭੂ ਵਿਚ।2।

ਪ੍ਰਭ—ਹੇ ਪ੍ਰਭੂ! ਘਣੇਰੀ—ਬਹੁਤੀ। ਤੇ—ਤੋਂ।3।

ਤਤੁ—ਅਸਲੀਅਤ। ਅੰਮ੍ਰਿਤ—ਅੰਮ੍ਰਿਤ ਨਾਲ। ਸੇਵੇ—ਸਰਨ ਪਿਆਂ।4।

ਸੋਹੈ—ਸੋਭਦਾ ਹੈ, ਸੋਹਣੇ ਜੀਵਨ ਵਾਲਾ ਬਣ ਜਾਂਦਾ ਹੈ। ਅੰਤਰੁ ਮਨੁ—ਅੰਦਰਲਾ ਮਨ। ਮੋਹੈ—ਮਸਤ ਹੋ ਜਾਂਦਾ ਹੈ। ਰਤਾ—ਰੱਤਾ, ਰੰਗਿਆ ਜਾਂਦਾ ਹੈ।5।

ਭੂਲਾ—ਕੁਰਾਹੇ ਪਿਆ ਹੋਇਆ। ਦੂਜੈ ਭਾਇ—ਪ੍ਰਭੂ ਤੋਂ ਬਿਨਾ ਕਿਸੇ ਹੋਰ ਪਿਆਰ ਵਿਚ। ਖੁਆਏ—ਸਹੀ ਜੀਵਨ ਰਾਹ ਤੋਂ ਖੁੰਝਿਆ ਰਹਿੰਦਾ ਹੈ। ਮਰੈ—ਆਤਮਕ ਮੌਤ ਸਹੇੜਦਾ ਹੈ। ਬਿਖੁ—ਜ਼ਹਰ। ਖਾਏ—ਖਾਇ, ਖਾ ਕੇ। ਅਨਦਿਨੁ—ਹਰ ਰੋਜ਼। ਵਿਸਟਾ—ਗੰਦ।6।

ਨੋ—ਨੂੰ। ਪਰਸਾਦੀ—ਪਰਸਾਦਿ, ਕਿਰਪਾ ਨਾਲ। ਪੂਰਨ—ਵਿਆਪਕ।7।

ਨਿਰੰਜਨੁ—ਮਾਇਆ ਰਹਿਤ ਪ੍ਰਭੂ। ਜਿਨਿ—ਜਿਸ (ਪ੍ਰਭੂ) ਨੇ। ਸਿਰਜੀ—ਪੈਦਾ ਕੀਤੀ। ਤਿਨਿ—ਉਸ (ਪ੍ਰਭੂ) ਨੇ। ਗੋਈ—ਨਾਸ ਕੀਤੀ। ਸਮਾਲਿ—ਚੇਤੇ ਰੱਖ। ਸਚਿ—ਸਦਾ-ਥਿਰ ਪ੍ਰਭੂ ਵਿਚ।8।

ਅਰਥ:- ਜਦੋਂ ਮਨੁੱਖ ਆਤਮਕ ਅਡੋਲਤਾ ਵਿਚ ਟਿਕਦਾ ਹੈ ਪ੍ਰਭੂ ਪ੍ਰੇਮ ਵਿਚ ਜੁੜਦਾ ਹੈ, ਤਦੋਂ ਉਸ ਦੇ ਅੰਦਰ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਵਰਖਾ ਕਰਦਾ ਹੈ। ਪਰ (ਇਹ ਦਾਤਿ) ਕੋਈ ਉਹ ਵਿਰਲਾ ਮਨੁੱਖ ਹਾਸਲ ਕਰਦਾ ਹੈ, ਜੋ ਗੁਰੂ ਦੇ ਦੱਸੇ ਰਾਹ ਤੇ ਤੁਰਦਾ ਹੈ। ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀ ਕੇ ਮਨੁੱਖ ਸਦਾ ਲਈ (ਮਾਇਆ ਵਲੋਂ) ਰੱਜ ਜਾਂਦੇ ਹਨ, (ਪ੍ਰਭੂ) ਮਿਹਰ ਕਰ ਕੇ ਉਹਨਾਂ ਦੀ ਤ੍ਰਿਸ਼ਨਾ ਬੁਝਾ ਦੇਂਦਾ ਹੈ।1।

ਮੈਂ ਸਦਾ ਉਹਨਾਂ ਤੋਂ ਸਦਕੇ ਹਾਂ ਕੁਰਬਾਨ ਹਾਂ, ਜੇਹੜੇ ਗੁਰੂ ਦੀ ਸਰਨ ਪੈ ਕੇ ਆਤਮਕ ਜੀਵਨ ਦੇਣ ਵਾਲਾ ਨਾਮ ਜਲ ਪੀਂਦੇ ਹਨ। ਜਿਨ੍ਹਾਂ ਦੀ ਜੀਭ ਨਾਮ-ਰਸ ਚਖ ਕੇ ਪ੍ਰਭੂ ਦੇ ਪ੍ਰੇਮ ਰੰਗ ਵਿਚ ਸਦਾ ਰੰਗੀ ਰਹਿੰਦੀ ਹੈ, ਉਹ ਆਤਮਕ ਅਡੋਲਤਾ ਵਿਚ ਟਿਕ ਕੇ ਪਰਮਾਤਮਾ ਦੇ ਗੁਣ ਗਾਂਦੇ ਰਹਿੰਦੇ ਹਨ।1। ਰਹਾਉ।

ਗੁਰੂ ਦੀ ਕਿਰਪਾ ਨਾਲ ਕੋਈ ਵਿਰਲਾ ਮਨੁੱਖ ਆਤਮਕ ਅਡੋਲਤਾ ਹਾਸਲ ਕਰਦਾ ਹੈ, (ਜਿਸ ਦੀ ਬਰਕਤਿ ਨਾਲ) ਉਹ ਮਨ ਦਾ ਦੁਚਿੱਤਾ-ਪਨ ਮਾਰ ਕੇ ਸਿਰਫ਼ ਪਰਮਾਤਮਾ (ਦੇ ਚਰਨਾਂ) ਨਾਲ ਲਗਨ ਲਾਈ ਰੱਖਦਾ ਹੈ। ਜਦੋਂ ਪਰਮਾਤਮਾ (ਕਿਸੇ ਜੀਵ ਉੱਤੇ ਮਿਹਰ ਦੀ) ਨਿਗਾਹ ਕਰਦਾ ਹੈ, ਤਦੋਂ ਉਹ ਪਰਮਾਤਮਾ ਦੇ ਗੁਣ ਗਾਂਦਾ ਹੈ, ਤੇ ਪ੍ਰਭੂ ਦੀ ਮਿਹਰ ਦੀ ਨਜ਼ਰ ਨਾਲ ਸਦਾ-ਥਿਰ ਪ੍ਰਭੂ ਵਿਚ ਲੀਨ ਰਹਿੰਦਾ ਹੈ।2।

ਹੇ ਪ੍ਰਭੂ! ਤੇਰੀ ਮਿਹਰ ਦੀ ਨਿਗਾਹ ਸਭ ਜੀਵਾਂ ਉੱਤੇ ਹੀ ਹੈ, ਕਿਸੇ ਉੱਤੇ ਥੋੜੀ ਹੈ ਕਿਸੇ ਉੱਤੇ ਬਹੁਤੀ ਹੈ। ਤੈਥੋਂ ਬਾਹਰ (ਤੇਰੀ ਮਿਹਰ ਦੀ ਨਿਗਾਹ ਤੋਂ ਬਿਨਾ) ਕੁਝ ਨਹੀਂ ਹੁੰਦਾ—ਇਹ ਸਮਝ ਉਸ ਮਨੁੱਖ ਨੂੰ ਪੈਂਦੀ ਹੈ ਜੋ ਗੁਰੂ ਦੀ ਸਰਨ ਪੈਂਦਾ ਹੈ।3।

ਹੇ ਪ੍ਰਭੂ! ਆਤਮਕ ਜੀਵਨ ਦੇਣ ਵਾਲੇ ਤੇਰੇ ਨਾਮ-ਜਲ ਨਾਲ ਤੇਰੇ ਖ਼ਜ਼ਾਨੇ ਭਰੇ ਪਏ ਹਨ, ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਨੇ ਇਸ ਅਸਲੀਅਤ ਨੂੰ ਸਮਝਿਆ ਹੈ। (ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਜਾਣਦਾ ਹੈ ਕਿ) ਗੁਰੂ ਦੀ ਸਰਨ ਪੈਣ ਤੋਂ ਬਿਨਾ ਕੋਈ ਮਨੁੱਖ ਨਾਮ-ਅੰਮ੍ਰਿਤ ਨਹੀਂ ਲੈ ਸਕਦਾ। ਗੁਰੂ ਦੀ ਕਿਰਪਾ ਨਾਲ ਹੀ ਹਾਸਲ ਕਰ ਸਕਦਾ ਹੈ।4।

ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ ਮਨੁੱਖ ਸੋਹਣੇ ਜੀਵਨ ਵਾਲਾ ਬਣ ਜਾਂਦਾ ਹੈ, ਆਤਮਕ ਜੀਵਨ ਦੇਣ ਵਾਲੇ ਨਾਮ ਵਿਚ ਉਸ ਦਾ ਅੰਦਰਲਾ ਮਨ ਮਸਤ ਰਹਿੰਦਾ ਹੈ। ਉਸ ਮਨੁੱਖ ਦਾ ਮਨ ਉਸ ਦਾ ਤਨ ਨਾਮ-ਅੰਮ੍ਰਿਤ ਨਾਲ ਸਿਫ਼ਤਿ-ਸਾਲਾਹ ਦੀ ਬਾਣੀ ਨਾਲ ਰੰਗਿਆ ਜਾਂਦਾ ਹੈ, ਆਤਮਕ ਅਡੋਲਤਾ ਵਿਚ ਟਿਕ ਕੇ ਉਹ ਮਨੁੱਖ ਆਤਮਕ ਜੀਵਨ ਦੇਣ ਵਾਲੀ ਨਾਮ-ਧੁਨੀ ਨੂੰ ਸੁਣਦਾ ਰਹਿੰਦਾ ਹੈ।5।

ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਕੁਰਾਹੇ ਪੈ ਜਾਂਦਾ ਹੈ, ਮਾਇਆ ਦੇ ਪਿਆਰ ਵਿਚ (ਰੁੱਝ ਕੇ) ਸਹੀ ਜੀਵਨ-ਰਾਹ ਤੋਂ ਖੁੰਝ ਜਾਂਦਾ ਹੈ। ਉਹ ਪਰਮਾਤਮਾ ਦਾ ਨਾਮ ਨਹੀਂ ਸਿਮਰਦਾ, ਉਹ (ਮਾਇਆ ਦਾ ਮੋਹ-ਰੂਪ) ਜ਼ਹਰ ਖਾ ਕੇ ਆਤਮਕ ਮੌਤ ਸਹੇੜ ਲੈਂਦਾ ਹੈ। (ਗੰਦ ਦੇ ਕੀੜੇ ਵਾਂਗ) ਉਸ ਮਨੁੱਖ ਦਾ ਨਿਵਾਸ ਸਦਾ ਹਰ ਵੇਲੇ (ਵਿਕਾਰਾਂ ਦੇ) ਗੰਦ ਵਿਚ ਹੀ ਰਹਿੰਦਾ ਹੈ, ਪਰਮਾਤਮਾ ਦੀ ਸੇਵਾ-ਭਗਤੀ ਤੋਂ ਬਿਨਾ ਉਹ ਆਪਣਾ ਮਨੁੱਖਾ ਜਨਮ ਜ਼ਾਇਆ ਕਰ ਲੈਂਦਾ ਹੈ।6।

(ਪਰ ਜੀਵਾਂ ਦੇ ਭੀ ਕੀਹ ਵੱਸ?) ਉਹੀ ਮਨੁੱਖ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀਂਦਾ ਹੈ, ਜਿਸ ਨੂੰ ਪਰਮਾਤਮਾ ਆਪ ਮਿਲਾਂਦਾ ਹੈ, ਗੁਰੂ ਦੀ ਕਿਰਪਾ ਨਾਲ ਉਹ ਮਨੁੱਖ ਆਤਮਕ ਅਡੋਲਤਾ ਵਿਚ ਟਿਕ ਕੇ (ਪ੍ਰਭੂ-ਚਰਨਾਂ ਵਿਚ) ਸੁਰਤਿ ਜੋੜੀ ਰੱਖਦਾ ਹੈ। ਸਤਿਗੁਰੂ ਦੀ ਮਤਿ ਲੈ ਕੇ ਫਿਰ ਉਸ ਨੂੰ ਇਹ ਪ੍ਰਤੱਖ ਦਿੱਸਦਾ ਹੈ ਕਿ ਸਰਬ-ਵਿਆਪਕ ਪ੍ਰਭੂ ਹਰ ਥਾਂ ਆਪ ਹੀ ਮੌਜੂਦ ਹੈ।7।

(ਹੇ ਭਾਈ!) ਮਾਇਆ ਦੇ ਪ੍ਰਭਾਵ ਤੋਂ ਉੱਚਾ ਰਹਿਣ ਵਾਲਾ ਪਰਮਾਤਮਾ ਹਰ ਥਾਂ ਆਪ ਹੀ ਆਪ ਮੌਜੂਦ ਹੈ। ਜਿਸ ਪਰਮਾਤਮਾ ਨੇ ਇਹ ਸ੍ਰਿਸ਼ਟੀ ਪੈਦਾ ਕੀਤੀ ਹੈ ਉਹ ਆਪ ਹੀ ਇਸ ਨੂੰ ਨਾਸ ਕਰਦਾ ਹੈ।

ਹੇ ਨਾਨਕ! ਤੂੰ ਉਸ ਪਰਮਾਤਮਾ ਦਾ ਨਾਮ ਸਦਾ ਆਪਣੇ ਹਿਰਦੇ ਵਿਚ ਸਾਂਭ ਰੱਖ। (ਨਾਮ ਸਿਮਰਨ ਦੀ ਬਰਕਤਿ ਨਾਲ) ਆਤਮਕ ਅਡੋਲਤਾ ਵਿਚ ਟਿਕ ਕੇ ਉਸ ਸਦਾ-ਥਿਰ ਪ੍ਰਭੂ ਵਿਚ ਲੀਨ ਰਹੀਦਾ ਹੈ।8।16।17।